ਨੰ: 3/95/2012-3ਸਿ3/1493

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਡਿਪਸ ਸਕੂਲ,
ਜਲੰਧਰ ਰੋਡ, ਚੌਂਕ ਮਹਿਤਾ,
ਅੰਮ੍ਰਿਤਸਰ।

ਮਿਤੀ: ਚੰਡੀਗੜ੍ਹ 28-6-12

ਵਿਸ਼ਾ:- **ਡਿਪਸ ਸਕੂਲ, ਜਲੰਧਰ ਰੋਡ, ਚੌਂਕ ਮਹਿਤਾ, ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ---

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ:3/95/2012-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/39-2012 ਗ੍ਰਾਂਟ-1(5), ਮਿਤੀ 29-03-2012 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਡਿਪਸ ਸਕੂਲ, ਜਲੰਧਰ ਰੋਡ, ਚੌਂਕ ਮਹਿਤਾ, ਅੰਮ੍ਰਿਤਸਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

<u>ਅੰਦਰੂਨੀ ਵੰਡ</u>

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਧੀਕ ਸਕੱਤਰ ਸਕੂਲ ਸਿੱਖਿਆ, ਪੰਜਾਬ।

DIPS SCHOOL C.B.S.E. Mehta Chowk, Distt. Amritsar (Punjab)